# ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ), ਪੰਜਾਬ

ਮੀਮੋਨੰ:DySPD (PEDB)/2021/੨੦੫੧੫੧ ਮਿਤੀ: ੨੧/੦੬/੨੦੨੧

## ਜਨਤਕ ਸੂਚਨਾ

1.0 ਸਿੱਖਿਆ ਵਿਭਾਗ ਵੱਲੋਂ Teacher Transfer Policy 2019 ਤਹਿਤ ਪ੍ਰਾਪਤ ਪ੍ਰਤੀ ਬੇਨਤੀਆਂ ਦੇ ਅਧਾਰ ਤੇ ਵੱਖ-ਵੱਖ ਕਾਡਰ ਦੇ ਯੋਗ ਦਰਖਾਸਤਕਰਤਾਵਾਂ ਦੇ ਮਿਤੀ 24.03.2021 ਅਤੇ 09.04.2021 ਨੂੰ ਆਨ ਲਾਇਨ ਬਦਲੀਆਂ ਦੇ ਹੁਕਮ ਜਾਰੀ ਕੀਤੇ ਗਏ ਸਨ।

2.0 ਵਿਭਾਗ ਵੱਲੋਂ ਜਿਨ੍ਹਾਂ ਅਧਿਆਪਕ ਦੀ ਬਦਲੀ ਦੇ ਹੁਕਮ ਸਿੱਖਿਆ ਵਿਭਾਗ ਵੱਲੋਂ ਜਾਰੀ ਕੀਤੇ ਸਨ ਉਨ੍ਹਾਂ ਨੂੰ ਆਪਣੀ ਬਦਲੀ ਆਨ ਲਾਇਨ ਰੱਦ ਕਰਵਾਉਣ ਦਾ ਇੱਕ ਮੋਕਾ ਦਿੱਤਾ ਗਿਆ ਸੀ।

3.0 ਵਿਭਾਗ ਨੂੰ ਅਜੇ ਵੀ ਕਈ ਅਧਿਆਪਕਾਂ ਤੋਂ ਆਪਣੀ ਬਦਲੀ ਰੱਦ ਕਰਵਾਉਣ ਲਈ ਬੇਨਤੀਆਂ ਪ੍ਰਾਪਤ ਹੋ ਰਹੀਆਂ ਹਨ। ਇਨ੍ਹਾਂ ਬੇਨਤੀਆਂ ਦੇ ਸਨਮੁੱਖ ਵਿਭਾਗ ਵੱਲੋਂ ਸਮੂਹ ਅਧਿਆਪਕ ਜਿਨ੍ਹਾਂ ਦੀ ਮਿਤੀ 24.03.2021 ਅਤੇ 09.04.2021 ਨੂੰ ਆਨ ਲਾਇਨ ਬਦਲੀ ਹੋਈ ਹੈ, ਨੂੰ ਬਦਲੀ ਰੱਦ ਕਰਵਾਉਣ ਦਾ ਇੱਕ ਹੋਰ ਮੋਕਾ ਦਿੱਤਾ ਜਾਂਦਾ ਹੈ। ਜੇਕਰ ਕੋਈ ਅਧਿਆਪਕ ਬਦਲੀ ਰੱਦ ਕਰਵਾਉਣਾ ਚਾਹੁੰਦਾ ਹੈ ਤਾਂ ਉਹ ਈ-ਪੰਜਾਬ ਸਕੂਲ ਪੋਰਟਲ ਤੇ ਲਾਗ ਇੰਨ ਕਰਕੇ Transfer Cancellation Link ਤੇ Click ਕਰਕੇ ਬਦਲੀ ਰੱਦ ਕਰਵਾਉਣ ਲਈ ਆਨ ਲਾਇਨ ਆਪਣੀ ਬੇਨਤੀ ਮਿਤੀ 02.07.2021 ਤੱਕ ਦੇ ਸਕਦਾ ਹੈ। ਇੱਥੇ ਇਹ ਸਪਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਅਧਿਆਪਕ ਨੇ ਬਦਲੀ ਰੱਦ ਕਰਵਾਉਣ ਲਈ ਦਰਖਾਸਤ ਮੁੱਖ ਦਫਤਰ ਵਿਖੇ ਦਿੱਤੀ ਹੋਈ ਹੈ ਅਤੇ ਉਸ ਦੀ ਬਦਲੀ ਰੱਦ ਨਹੀਂ ਹੋਈ ਤਾਂ ਉਹ ਆਨਲਾਈਨ ਵਿਧੀ ਰਾਹੀਂ ਆਪਣੀ ਬਦਲੀ ਰੱਦ ਕਰਵਾ ਸਕਦਾ ਹੈ। ਮਿਤੀ 02.07.2021 ਤੋਂ ਬਾਅਦ ਉਪਰੰਤ ਬਦਲੀ ਰੱਦ ਕਰਵਾਉਣ ਸਬੰਧੀ ਕਿਸੇ ਵੀ ਬੇਨਤੀ ਤੇ ਵਿਚਾਰ ਨਹੀਂ ਕੀਤਾ ਜਾਵੇਗਾ।

**ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ), ਪੰਜਾਬ।**